ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਮੋਗਾ

# ਆਉਣ ਵਾਲੇ ਬਰਸਾਤਾਂ ਦੇ ਸੀਜ਼ਨ ਦੌਰਾਨ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਿਪਟਣ ਲਈ ਅਧਿਕਾਰੀ ਅਗਾਊ ਲੋੜੀਂਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ-ਰਿਸ਼ੀਪਾਲ ਸਿੰਘ

- **ਜ਼ਿਲ੍ਹਾ ਹੈਡਕੁਆਰਟਰ 'ਤੇ ਹੜ੍ਹ ਕੰਟਰੋਲ ਰੂਮ (ਟੈਲੀਫ਼ੋਨ ਨੰ: 01636-235206) ਸਥਾਪਿਤ**
- **ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਨੂੰ ਰੇਤ ਦੇ ਲੋੜੀਂਦੇ ਬੈਗਜ਼ ਦੇ ਪ੍ਰਬੰਧ ਕਰਨ ਦੀ ਕੀਤੀ ਹਦਾਇਤ**
- **ਸੰਭਾਵਿਤ ਹੜ੍ਹਾਂ ਦੇ ਮੱਦੇ-ਨਜ਼ਰ ਜ਼ਿਲ੍ਹਾ ਫ਼ਲੱਡ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਕੀਤੀ ਪ੍ਰਧਾਨਗੀ**

ਮੋਗਾ 15 ਜੂਨ:

ਆਉਣ ਵਾਲੇ ਬਰਸਾਤਾਂ ਦੇ ਸੀਜ਼ਨ ਦੌਰਾਨ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਿਪਟਣ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਗਾਊ ਲੋੜੀਂਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ, ਤਾਂ ਜੋ ਹੜ੍ਹ ਆਉਣ ਦੀ ਸੂਰਤ 'ਚ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਇਹ ਹਦਾਇਤ ਵਧੀਕ ਡਿਪਟੀ ਕਮਿਸਨਰ ਸ੍ਰੀ ਰਿਸ਼ੀਪਾਲ ਸਿੰਘ ਨੇ ਅੱਜ ਸੰਭਾਵਿਤ ਹੜ੍ਹਾਂ ਦੀ ਸੁਰੱਖਿਆ ਦੇ ਮੱਦੇ-ਨਜ਼ਰ ਜ਼ਿਲ੍ਹਾ ਫ਼ਲੱਡ ਸੁਰੱਖਿਆ ਕਮੇਟੀ ਦੀ ਬੁਲਾਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤੀ।

ਸ੍ਰੀ ਰਿਸ਼ੀਪਾਲ ਸਿੰਘ ਨੇ ਦੱਸਿਆ ਕਿ ਸੰਭਾਵੀ ਹੜ੍ਹਾਂ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਪੱਧਰ ਅਤੇ ਸਬ-ਡਵੀਜ਼ਨ ਪੱਧਰ 'ਤੇ ਹੜ੍ਹ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੋਗਾ ਵਿਖੇ ਜ਼ਿਲ੍ਹਾ ਹੈਡਕੁਆਰਟਰ 'ਤੇ ਹੜ੍ਹ ਕੰਟਰੋਲ ਰੂਮ (ਟੈਲੀਫ਼ੋਨ ਨੰ: 01636-235206) ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਨੂੰ ਰੇਤ ਦੇ ਲੋੜੀਂਦੇ ਬੈਗਜ਼ ਦੇ ਪ੍ਰਬੰਧ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਉਪ ਮੰਡਲ ਮੈਜਿਸਟ੍ਰੇਟ ਧਰਮਕੋਟ ਨੂੰ ਉਪਲੱਬਧ ਕਿਸ਼ਤੀਆਂ/ਇੰਜਣਾਂ ਨੂੰ ਚੈਕ ਕਰਕੇ ਯੋਗ ਰਿਪੇਅਰ ਕਰਵਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਹੜ੍ਹ ਆਉਣ ਦੀ ਸੂਰਤ 'ਚ ਰਾਹਤ ਕੈਂਪਾਂ ਲਈ ਉਚਿਤ ਜਗ੍ਹਾ ਦੀ ਚੋਣ ਕਰ ਲਈ ਜਾਵੇ। ਉਨ੍ਹਾਂ ਖੁਰਾਕ ਤੇ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਖਾਣ-ਪੀਣ ਦੀਆਂ ਜ਼ਰੂਰੀ ਵਸਤਾਂ ਰਾਖਵੀਆਂ ਰੱਖਣ ਲਈ ਆਦੇਸ਼ ਦਿੱਤੇ।

ਵਧੀਕ ਡਿਪਟੀ ਕਮਿਸ਼ਨਰ ਨੇ ਸਿਵਲ ਸਰਜਨ ਮੋਗਾ ਨੂੰ ਹੜ੍ਹ ਪ੍ਰਭਾਵਿਤ ਪਿੰਡਾਂ ਦੀ ਸ਼ਨਾਖਤ ਕਰਕੇ ਮੈਡੀਕਲ ਸਹਾਇਤਾ ਟੀਮਾਂ ਗਠਿਤ ਕਰਨ ਅਤੇ ਲੋੜੀਂਦੀਆਂ ਦਵਾਈਆਂ ਦੇ ਪ੍ਰਬੰਧ ਕਰਨ ਲਈ ਹਦਾਇਤ ਕੀਤੀ। ਉਨ੍ਹਾਂ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਨੂੰ ਪਸ਼ੂਆਂ ਲਈ ਲੋੜੀਂਦੀਆਂ ਦਵਾਈਆਂ ਅਤੇ ਖੇਤੀਬਾੜੀ ਵਿਭਾਗ ਨਾਲ ਤਾਲਮੇਲ ਕਰਕੇ ਚਾਰੇ ਦੇ ਲੋੜੀਦੇ ਪ੍ਰਬੰਧ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਕਾਰਜਕਾਰੀ ਇੰਜੀਨੀਅਰ ਮੰਡੀਬੋਰਡ ਤੇ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਪੀਣ ਵਾਲੇ ਸਾਫ਼ ਪਾਣੀ ਦੇ ਪ੍ਰਬੰਧ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪੁਲਿਸ ਪ੍ਰਸ਼ਾਸ਼ਨ ਵੱਲੋਂ ਵਾਇਰਲੈਸ ਸੈਟ ਮੁਹੱਈਆ ਕਰਵਾਏ ਜਾਣਗੇ।

ਮੀਟਿੰਗ ਵਿੱਚ ਐਸ.ਡੀ.ਐਮ ਮੋਗਾ ਚਰਨਦੀਪ ਸਿੰਘ, ਐਸ.ਡੀ.ਐਮ ਧਰਮਕੋਟ ਨਰਿੰਦਰ ਸਿੰਘ, ਐਸ.ਡੀ.ਐਮ ਨਿਹਾਲ ਸਿੰਘ ਵਾਲਾ ਸੁਖਹਰਪ੍ਰੀਤ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਮੈਡਮ ਸਵਿਤਾ, ਡਰੇਨੇਜ਼ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਆਸ਼ੂਤੋਸ਼ ਤੇ ਬਲਦੇਵ ਸਿੰਘ ਸੰਧੂ, ਐਸ.ਡੀ.ਓ ਜਗਰੂਪ ਸਿੰਘ ਤੋਂ ਇਲਾਵਾ ਤਹਿਸੀਲਦਾਰ/ਨਾਇਬ-ਤਹਿਸੀਲਦਾਰ, ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਐਨ.ਜੀ.ਓ ਅਜੀਤਪਾਲ ਸਿੰਘ ਪੱਟੀ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

--------------

ਨੰ: ਪੀ.ਆਰ(ਪ੍ਰੈ ਰੀ)2017/331





